





# ਕੈਨੇਡੀਅਨ ਪੰਜਾਬੀ ਪੋਸਟ

*Award winning news paper* | Canadian Punjabi Post








To view our online newspaper visit **punjabipost.ca/epaper** | Vol 22* Issue 152 | Wednesday, August 09, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ


## ਗੱਡੀ ਤੇ ਟਰੈਕਟਰ ਟਰੇਲਰ ਦੀ ਟੱਕਰ ਵਿੱਚ ਮਹਿਲਾ ਦੀ ਹੋਈ ਮੌਤ

ਕੇਲਡਨ, 8 ਅਗਸਤ (ਪੋਸਟ ਬਿਊਰੋ) : ਕੇਲਡਨ ਵਿੱਚ ਇੱਕ ਕਾਰ ਤੇ ਟਰੈਕਟਰ-ਟਰੇਲਰ ਦੀ ਟੱਕਰ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ।

ਮੰਗਲਵਾਰ ਸਵੇਰੇ 5:00 ਵਜੇ ਤੋਂ ਬਾਅਦ ਹਾਈਵੇਅ 10 ਦੇ ਪੂਰਬ ਵੱਲ ਚਾਰਲਸਟਨ ਸਾਈਡਰੋਡ ਤੇ ਸੇਂਟ ਐਂਡਰਿਊਜ਼ ਰੋਡ ਉੱਤੇ ਵਾਪਰੀ ਇਸ ਘਟਨਾ ਦਾ ਪਤਾ ਲੱਗਣ ਤੋਂ ਫੌਰਨ ਬਾਅਦ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਦੇ ਅਧਿਕਾਰੀ ਮੌਕੇ ਉੱਤੇ ਪਹੁੰਚੇ। ਪੈਰਾਮੈਡਿਕਸ ਨੇ ਦੱਸਿਆ ਕਿ ਮਹਿਲਾ ਨੂੰ ਬਹੁਤ ਹੀ ਨਾਜ਼ੁਕ ਹਾਲਤ ਵਿੱਚ ਗੱਡੀ ਵਿੱਚੋਂ ਕੱਢਿਆ ਗਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ ਪਰ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਇਹ ਮੰਨਿਆ ਜਾ ਰਿਹਾ ਹੈ ਕਿ ਮਹਿਲਾ ਕਾਰ ਵਿੱਚ ਸੀ ਪਰ ਪੁਲਿਸ ਵੱਲੋਂ ਅਜੇ ਇਸ ਦੀ ਪੁਸ਼ਟੀ ਕੀਤੀ ਜਾਣੀ ਬਾਕੀ ਹੈ। ਅਜੇ ਤੱਕ ਇਹ ਵੀ ਪਤਾ ਨਹੀਂ ਲੱਗ ਸਕਿਆ ਕਿ ਟਰੈਕਟਰ ਟਰੇਲਰ ਦੇ ਡਰਾਈਵਰ ਨੂੰ ਕੋਈ ਸੱਟ ਫੇਟ ਲੱਗੀ ਜਾਂ ਨਹੀਂ। ਪੁਲਿਸ ਨੇ ਦੱਸਿਆ ਕਿ ਕਈ ਘੰਟਿਆਂ ਲਈ ਇਸ ਇਲਾਕੇ ਵਿੱਚ ਟਰੈਫਿਕ ਦੀ ਆਵਾਜਾਈ ਰੋਕ ਦਿੱਤੀ ਗਈ।

## 2035 ਤੱਕ ਕਲੀਨ ਪਾਵਰ ਟੀਚੇ ਪੂਰੇ ਕਰਨ ਵਾਲੇ ਪ੍ਰੋਵਿੰਸਾਂ ਨੂੰ ਹੀ ਮਿਲਣਗੀਆਂ ਰਿਆਇਤਾਂ ਤੇ ਫਾਇਦੇ

ਓਟਵਾ, 8 ਅਗਸਤ (ਪੋਸਟ ਬਿਊਰੋ) : ਰਿਸਾਅ ਮੁਕਤ ਇਲੈਕਟ੍ਰਿਸਿਟੀ ਗ੍ਰਿੱਡ ਲਈ 2035 ਦੇ ਟੀਚੇ ਪੂਰੇ ਨਾ ਕਰ ਸਕਣ ਵਾਲੀਆਂ ਪ੍ਰੋਵਿੰਸਾਂ ਨੂੰ ਫੈਡਰਲ ਸਰਕਾਰ ਟੈਕਸਾਂ ਵਿੱਚ ਛੋਟ ਤੇ ਇਲੈਕਟ੍ਰਿਸਿਟੀ ਪ੍ਰੋਜੈਕਟਸ ਲਈ ਦਿੱਤੀਆਂ ਜਾਣ ਵਾਲੀਆਂ ਗ੍ਰਾਂਟਸ ਉੱਤੇ ਰੋਕ ਲਾਉਣ ਬਾਰੇ ਵਿਚਾਰ ਕਰ ਰਹੀ ਹੈ।



ਫੈਡਰਲ ਸਰਕਾਰ ਵੱਲੋਂ ਪਹਿਲਾਂ ਹੀ ਇਹ ਸਪਸ਼ਟ ਕੀਤਾ ਜਾ ਚੁੱਕਿਆ ਹੈ ਕਿ ਨਵੀਂ ਰਿਫੰਡਯੋਗ 15 ਫੀ ਸਦੀ ਸਵੱਛ ਇਲੈਕਟ੍ਰਿਸਿਟੀ ਇਨਵੈਸਟਮੈਂਟ ਟੈਕਸ ਕ੍ਰੈਡਿਟ ਲਈ ਪਾਬੰਦੀਆਂ ਪਹਿਲਾਂ ਹੀ ਲਾਈਆਂ ਜਾਣਗੀਆਂ। ਇਹ ਨਿਵੇਸ਼ ਰਿਸਾਅ ਤੋਂ ਬਿਨਾਂ ਕੀਤੀ ਜਾਣ ਵਾਲੀ ਇਲੈਕਟ੍ਰਿਸਿਟੀ ਦੇ ਉਤਪਾਦਨ, ਸਟੋਰੇਜ ਤੇ ਇੰਟਰਪ੍ਰੋਵਿੰਸ਼ੀਅਲ ਟਰਾਂਸਮਿਸ਼ਨ ਲਈ ਹੋਵੇਗਾ। ਪਰ ਹਾਈਡਰੋਜਨ ਪ੍ਰੋਡਕਸ਼ਨ, ਕਲੀਨ ਟੈਕਨੌਲੋਜੀ ਤੇ ਕਾਰਬਨ ਨੂੰ ਜਜ਼ਬ ਕਰਨ ਦੇ ਨਾਲ ਨਾਲ ਸਟੋਰੇਜ ਸਿਸਟਮਜ਼, ਜੋ ਕਿ ਕਈ ਬਿਲੀਅਨ ਡਾਲਰ ਦੇ ਮੁੱਲ ਦੇ ਹਨ ਲਈ ਅਗਲੇ 12 ਸਾਲਾਂ ਵਾਸਤੇ ਹੋਵੇਗਾ। ਮੁੜ ਨੰਵਿਆਏ ਜਾ ਸਕਣ ਵਾਲੇ ਇਲੈਕਟ੍ਰਿਸਿਟੀ ਪ੍ਰੋਜੈਕਟਸ ਤੇ ਤਕਨਾਲੋਜੀ ਨੂੰ ਅਪਗ੍ਰੇਡ ਕਰਨ ਲਈ 3 ਬਿਲੀਅਨ ਡਾਲਰ ਦੀ ਗ੍ਰਾਂਟ ਵੀ ਦਿੱਤੀ ਜਾਵੇਗੀ। ਅਜਿਹਾ ਇਸ ਲਈ ਤਾਂ ਕਿ ਗ੍ਰਿੱਡ ਨੂੰ ਵਧੇਰੇ ਕਾਰਗਰ ਬਣਾਇਆ ਜਾ ਸਕੇ। ਫੈਡਰਲ ਸਰਕਾਰ ਵੱਲੋਂ ਕੁੱਝ ਹਾਲਾਤ ਵਿੱਚ ਪ੍ਰੋਵਿੰਸਾਂ ਦੇ ਅੰਦਰ ਟਰਾਂਸਮਿਸ਼ਨ ਲਾਈਨਾਂ ਨੂੰ ਠੀਕ ਕਰਨ ਵਿੱਚ ਮਦਦ ਕਰਨ ਦਾ ਵੀ ਵਾਅਦਾ ਕੀਤਾ ਗਿਆ ਹੈ।

ਮੰਗਲਵਾਰ ਨੂੰ ਐਨਰਜੀ ਮੰਤਰੀ ਜੌਨਾਥਨ ਵਿਲਕਿੰਸਨ ਤੇ ਐਨਵਾਇਰਮੈਂਟ ਮੰਤਰੀ ਸਟੀਵਨ ਗਿਲਬੱਟ ਨੇ ਪ੍ਰੋਵਿੰਸਾਂ ਅੱਗੇ ਇਹ ਸ਼ਰਤ ਰੱਖੀ ਹੈ ਕਿ ਇਹ ਫੰਡ ਹਾਸਲ ਕਰਨ ਲਈ ਉਨ੍ਹਾਂ ਵੱਲੋਂ 2035 ਤੱਕ ਗੈਰ ਰਿਸਾਅ ਵਾਲੇ ਇਲੈਕਟ੍ਰਿਸਿਟੀ ਗ੍ਰਿੱਡ ਲਵਾਏ ਜਾਣ। ਉਨ੍ਹਾਂ ਇੱਕ ਇੰਟਰਵਿਊ ਵਿੱਚ ਆਖਿਆ ਕਿ ਉਹ ਸੱਚਮੁੱਚ ਇਸ ਬਾਰੇ ਵਿਚਾਰ ਕਰ ਰਹੇ ਹਨ। ਉਨ੍ਹਾਂ ਆਖਿਆ ਕਿ ਇਨ੍ਹਾਂ ਟੈਕਸ ਕ੍ਰੈਡਿਟਸ ਦੇ ਨਿਵੇਸ਼ ਲਈ ਗੱਲਬਾਤ ਚੱਲ ਰਹੀ ਹੈ। ਅਸੀਂ ਲੋਕਾਂ ਦਾ ਵੀ ਪੱਖ ਸੁਣਾਂਗੇ। ਇਸ ਸਬੰਧੀ ਨਿਯਮ ਵੀ ਗਿਲਬਟ ਵੱਲੋਂ ਇਸ ਹਫਤੇ ਵਿੱਚ ਪਬਲਿਸ਼ ਕਰ ਲਏ ਜਾਣਗੇ। ਕਲੀਨ ਪਾਵਰ ਸਬੰਧੀ ਟੀਚਿਆਂ ਦੀ ਜਾਣਕਾਰੀ ਤੇ ਨਿਯਮਾਂ ਦਾ ਖੁਲਾਸਾ ਵੀ ਜਲਦ ਕਰ ਦਿੱਤਾ ਜਾਵੇਗਾ।

## ਜਰਮਨੀ ਵਿਚ ਮਿਲਿਆ ਦੂਜੇ ਵਿਸ਼ਵ ਯੁੱਧ ਦਾ 500 ਕਿੱਲੋ ਦਾ ਬੰਬ, 13 ਹਜ਼ਾਰ ਲੋਕਾਂ ਨੂੰ 'ਤੇ ਘਰ ਛੱਡਣ ਦੇ ਆਦੇਸ਼

ਡਸੇਲਡਾਰਫ, 8 ਅਗਸਤ (ਪੋਸਟ ਬਿਊਰੋ): ਜਰਮਨੀ ਦੇ ਡਸੇਲਡਾਰਫ ਵਿੱਚ ਸੋਮਵਾਰ ਨੂੰ ਦੂਜੇ ਵਿਸ਼ਵ ਯੁੱਧ ਦਾ ਇੱਕ ਬੰਬ ਮਿਲਿਆ ਹੈ। ਇਸ ਤੋਂ ਬਾਅਦ ਸ਼ਹਿਰ ਦੇ 13 ਹਜ਼ਾਰ ਲੋਕਾਂ ਨੂੰ ਅਸਥਾਈ ਤੌਰ 'ਤੇ ਘਰ ਛੱਡਣ ਦੇ ਆਦੇਸ਼ ਦਿੱਤੇ ਗਏ ਹਨ। ਅਮਰੀਕਾ ਵਿੱਚ ਬਣੇ ਇਸ ਬੰਬ ਦਾ ਭਾਰ 500 ਕਿਲੋ ਹੈ। ਡੀ.ਡਬਲਯੂ. ਅਨੁਸਾਰ, ਪੁਲਿਸ, ਫਾਇਰ ਬ੍ਰਿਗੇਡ ਅਤੇ ਬੰਬ ਦਸਤੇ ਮੌਕੇ 'ਤੇ ਹਨ ਅਤੇ ਬੰਬ ਨੂੰ ਨਕਾਰਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਇਹ ਬੰਬ ਚਿੜੀਆਘਰ ਦੇ ਨੇੜੇ ਕੰਮ ਕਰ ਰਹੇ ਕਰਮਚਾਰੀਆਂ ਨੂੰ ਮਿਲਿਆ ਸੀ। ਇਸ ਤੋਂ ਬਾਅਦ ਇਸ ਦੇ ਆਲੇ-ਦੁਆਲੇ ਦੇ 500 ਮੀਟਰ ਦੇ ਖੇਤਰ ਤੋਂ ਲੋਕਾਂ ਨੂੰ ਹਟਾ ਦਿੱਤਾ ਗਿਆ ਅਤੇ ਸੜਕਾਂ ਨੂੰ ਬੰਦ ਕਰ ਦਿੱਤਾ ਗਿਆ। ਲੋਕਾਂ ਨੂੰ ਸ਼ਹਿਰ ਦੇ 2 ਸਕੂਲਾਂ ਵਿੱਚ ਸ਼ਿਫਟ ਕਰ ਦਿੱਤਾ ਗਿਆ। ਸ਼ਹਿਰ ਵਿੱਚੋਂ ਲੰਘਣ ਵਾਲੀਆਂ ਲੰਬੀ ਦੂਰੀ ਦੀਆਂ ਗੱਡੀਆਂ ਦੇ ਰੂਟ ਬਦਲ ਦਿੱਤੇ ਗਏ। ਇਸ ਤੋਂ ਇਲਾਵਾ ਲੋਕਲ ਬੱਸ ਅਤੇ ਟਰਾਮ



ਸੇਵਾਵਾਂ ਨੂੰ ਵੀ ਰੋਕ ਦਿੱਤਾ ਗਿਆ। ਜਰਮਨੀ ਦੇ ਕਈ ਸ਼ਹਿਰਾਂ 'ਚ ਅਜਿਹੇ ਬੰਬ ਕੰਸਟਰੱਕਸ਼ਨ ਸਾਈਟਾਂ 'ਤੇ ਕੰਮ ਦੌਰਾਨ ਮਿਲੇ ਹਨ। ਇਸ ਤੋਂ ਪਹਿਲਾਂ 2021 ਵਿੱਚ, ਮਿਊਨਿਖ ਵਿੱਚ ਵੀ ਦੂਜੇ ਵਿਸ਼ਵ ਯੁੱਧ ਦੇ ਦੌਰ ਦਾ ਇੱਕ ਬੰਬ ਧਮਾਕਾ ਹੋਇਆ ਸੀ, ਜਿਸ ਵਿੱਚ 4 ਲੋਕ ਜ਼ਖਮੀ ਹੋ ਗਏ ਸਨ।

## ਤਾਲਿਬਾਨ ਨੇ 10 ਸਾਲ ਦੀਆਂ ਲੜਕੀਆਂ ਦੇ ਸਕੂਲ ਜਾਣ 'ਤੇ ਵੀ ਲਾਈ ਪਾਬੰਦੀ, ਯੂ.ਐੱਨ.ਨੇ ਕੀਤਾ ਵਿਰੋਧ

ਕਾਬੁਲ, 8 ਅਗਸਤ (ਪੋਸਟ ਬਿਊਰੋ): ਅਫਗਾਨਿਸਤਾਨ ਵਿੱਚ ਤਾਲਿਬਾਨ ਨੇ ਇੱਕ ਤੋਂ ਬਾਅਦ ਇੱਕ ਸ਼ਰਮਨਾਕ ਅਤੇ ਬੇਰਹਿਮ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਸ਼ਰਮਨਾਕ ਪਾਬੰਦੀਆਂ ਵਿਚ ਕਾਲਜ ਜਾਣ 'ਤੇ ਪਾਬੰਦੀ, ਸਥਾਨਕ ਅਤੇ ਗੈਰ-ਸਰਕਾਰੀ ਸੰਸਥਾਵਾਂ ਵਿਚ ਕੰਮ ਕਰਨ 'ਤੇ ਪਾਬੰਦੀ, ਲੜਕਿਆਂ ਅਤੇ ਲੜਕੀਆਂ ਲਈ ਵੱਖਰੇ ਸਕੂਲ ਅਤੇ ਬਿਊਟੀ ਪਾਰਲਰ ਜਾਣ 'ਤੇ ਪਾਬੰਦੀ ਸ਼ਾਮਿਲ ਹੈ। ...ਬਾਕੀ ਪੰਨਾ 3 'ਤੇ





















































## ਤਾਲਿਬਾਨ ਨੇ 10 ਸਾਲ ਦੀਆਂ ਲੜਕੀਆਂ ਦੇ ਸਕੂਲ ਜਾਣ ’ਤੇ ਵੀ ਲਾਈ ਪਾਬੰਦੀ, ਯੂ.ਐੱਨ. ਨੇ ਕੀਤਾ ਵਿਰੋਧ



ਕਾਬੁਲ, 8 ਅਗਸਤ (ਪੋਸਟ ਬਿਊਰੋ): ਅਫਗਾਨਿਸਤਾਨ ਵਿੱਚ ਤਾਲਿਬਾਨ ਨੇ ਇੱਕ ਤੋਂ ਬਾਅਦ ਇੱਕ ਸ਼ਰਮਨਾਕ ਅਤੇ ਬੇਰਹਿਮ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਸ਼ਰਮਨਾਕ ਪਾਬੰਦੀਆਂ ਵਿਚ ਕਾਲਜ ਜਾਣ 'ਤੇ ਪਾਬੰਦੀ, ਸਥਾਨਕ ਅਤੇ ਗੈਰ-ਸਰਕਾਰੀ ਸੰਸਥਾਵਾਂ ਵਿਚ ਕੰਮ ਕਰਨ 'ਤੇ ਪਾਬੰਦੀ, ਲੜਕਿਆਂ ਅਤੇ ਲੜਕੀਆਂ ਲਈ ਵੱਖਰੇ ਸਕੂਲ ਅਤੇ ਬਿਊਟੀ ਪਾਰਲਰ ਜਾਣ 'ਤੇ ਪਾਬੰਦੀ ਸ਼ਾਮਿਲ ਹੈ। ਹੁਣ ਤਾਲਿਬਾਨ ਨੇ 10 ਸਾਲ ਦੀਆਂ ਲੜਕੀਆਂ ਦੇ ਸਕੂਲ ਜਾਣ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ। ਨਵੇਂ ਫ਼ਰਮਾਨ ਤਹਿਤ ਤਾਲਿਬਾਨ ਨੇ ਤੀਜੀ ਜਮਾਤ ਤੋਂ ਬਾਅਦ ਭਾਵ 10 ਸਾਲ ਬਾਅਦ ਵਿਦਿਆਰਥਣਾਂ ਦੇ ਸਕੂਲ ਜਾਣ 'ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਦੇ ਲਈ ਤਾਲਿਬਾਨ ਅਧਿਕਾਰੀਆਂ ਨੇ ਸਕੂਲਾਂ ਅਤੇ ਸਿੱਖਿਆ ਸੰਸਥਾਵਾਂ ਨੂੰ ਚੇਤਾਵਨੀ ਦਿੱਤੀ ਹੈ।

ਪਹਿਲਾਂ ਤਾਲਿਬਾਨ ਕੁੜੀਆਂ ਨੂੰ ਸਿਰਫ਼ ਛੇਵੀਂ ਜਮਾਤ ਤੱਕ ਹੀ ਸਕੂਲਾਂ ਵਿੱਚ ਪੜ੍ਹਨ ਦੀ ਇਜਾਜ਼ਤ ਦਿੰਦਾ ਸੀ, ਜਿਸ ਨੂੰ ਹੁਣ ਹੋਰ ਘਟਾ ਦਿੱਤਾ ਗਿਆ ਹੈ। ਰਿਪੋਰਟ ਦੇ ਅਨੁਸਾਰ, ਤਾਲਿਬਾਨ ਸ਼ਾਸਿਤ ਸਿੱਖਿਆ ਮੰਤਰਾਲੇ ਦੇ ਅਧਿਕਾਰੀਆਂ ਨੇ ਗਜ਼ਨੀ ਸੂਬੇ ਦੇ ਸਕੂਲਾਂ ਅਤੇ ਸਿੱਖਿਆ ਸੰਸਥਾਵਾਂ ਦੇ ਪ੍ਰਿੰਸੀਪਲਾਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ 10 ਸਾਲ ਤੋਂ ਵੱਧ ਉਮਰ ਦੀਆਂ ਲੜਕੀਆਂ ਨੂੰ ਹੁਣ ਪ੍ਰਾਇਮਰੀ ਸਕੂਲਾਂ ਵਿੱਚ ਜਾਣ ਦੀ ਇਜਾਜ਼ਤ ਨਾ ਦਿੱਤੀ ਜਾਵੇ।

ਟਰਾਂਸਫਾਰਮਿੰਗ ਐਜੂਕੇਸ਼ਨ ਸਮਿਟ ਲਈ ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਦੇ ਵਿਸ਼ੇਸ਼ ਸਲਾਹਕਾਰ ਲਿਓਨਾਰਡੋ ਗਾਰਨੀਅਰ ਨੇ ਅਫਗਾਨਿਸਤਾਨ ਵਿੱਚ ਔਰਤ ਸਿੱਖਿਆ 'ਤੇ ਪਾਬੰਦੀ ਦੀ ਆਲੋਚਨਾ ਕੀਤੀ ਹੈ। ਗਾਰਨੀਅਰ ਨੇ ਇਕ ਨਿਊਜ਼ ਕਾਨਫਰੰਸ ਨੂੰ ਦੱਸਿਆ ਕਿ ਤਾਲਿਬਾਨ 'ਤੇ ਸੰਯੁਕਤ ਰਾਸ਼ਟਰ ਅਤੇ ਅੰਤਰਰਾਸ਼ਟਰੀ ਭਾਈਚਾਰੇ ਦਾ ਦਬਾਅ ਲੜਕੀਆਂ ਦੀ ਸਿੱਖਿਆ 'ਤੇ ਦੇਸ਼ ਦੀਆਂ ਪਾਬੰਦੀਆਂ ਕਾਰਨ "ਗੰਭੀਰ" ਹੈ।

## 110 ਸਾਲਾ ਸਾਊਦੀ ਔਰਤ ਲੱਗੀ ਸਕੂਲ ਜਾਣ, 60 ਸਾਲਾ ਬੇਟਾ ਛੱਡਕੇ ਆਉਂਦਾ ਹੈ ਸਕੂਲ



ਰਿਆਦ, 8 ਅਗਸਤ (ਪੋਸਟ ਬਿਊਰੋ): ਸਾਊਦੀ ਅਰਬ 'ਚ ਇਨ੍ਹੀਂ ਦਿਨੀਂ ਇਕ ਬਜ਼ੁਰਗ ਵਿਦਿਆਰਥਣ ਦੀ ਚਰਚਾ ਹੈ, ਜਿਸ ਦੀ ਉਮਰ 110 ਸਾਲ ਹੈ। ਇਸ ਔਰਤ ਦਾ ਨਾਂ ਨਵਾਦ ਅਲ ਕਾਹਤਾਨੀ ਹੈ। ਨਵਾਦ ਸਾਊਦੀ ਸਰਕਾਰ ਦੇ ਵਿਸ਼ੇਸ਼ ਸਿੱਖਿਆ ਪ੍ਰੋਗਰਾਮ ਦਾ ਹਿੱਸਾ ਹੈ। ਇਸ ਤਹਿਤ ਕਿਸੇ ਵੀ ਉਮਰ ਦਾ ਵਿਅਕਤੀ ਸਰਕਾਰੀ ਸਕੂਲ ਵਿੱਚ ਜਾ ਕੇ ਮੁੱਢਲੀ ਸਿੱਖਿਆ ਹਾਸਿਲ ਕਰ ਸਕਦਾ ਹੈ।

ਨਵਾਦ ਦੇ ਚਾਰ ਪੁੱਤਰ ਹਨ। ਵੱਡੇ ਪੁੱਤਰ ਦੀ ਉਮਰ 80 ਸਾਲ ਅਤੇ ਸਭ ਤੋਂ ਛੋਟੇ ਦੀ ਉਮਰ 50 ਸਾਲ ਹੈ। ਇਸ ਉਮਰ 'ਚ ਵੀ ਮਾਂ ਨੂੰ ਸਿਖਲਾਈ ਪ੍ਰਾਪਤ ਦੇਖ ਕੇ ਸਾਰੇ ਬੱਚੇ ਬਹੁਤ ਖੁਸ਼ ਹਨ। ਤੀਜਾ ਬੇਟਾ ਉਸ ਨੂੰ ਸਕੂਲ ਛੱਡਦਾ ਹੈ ਅਤੇ ਦਿਨ ਦੇ ਅੰਤ ਤੱਕ ਸਕੂਲ ਦੇ ਬਾਹਰ ਬੈਠਦਾ ਹੈ, ਤਾਂ ਜੋ ਉਹ ਆਪਣੀ ਮਾਂ ਨੂੰ ਬਿਨ੍ਹਾਂ ਕਿਸੇ ਪ੍ਰੇਸ਼ਾਨੀ ਦੇ ਘਰ ਛੱਡ ਸਕੇ।


ਸਾਊਦੀ ਸਰਕਾਰ ਨੇ ਦੇਸ਼ ਵਿੱਚ ਅਲ ਰਹਿਵਾ ਕੇਂਦਰ ਖੋਲ੍ਹੇ ਹਨ। ਅਸਲ ਵਿੱਚ, ਇਹ ਇੱਕ ਬੁਨਿਆਦੀ ਸਿੱਖਿਆ ਲੜੀ ਹੈ ਜੋ ਵਿਸ਼ੇਸ਼ ਤੌਰ 'ਤੇ ਦੇਸ਼ ਦੇ ਪੱਛੜੇ ਦੱਖਣੀ-ਪੱਛਮੀ ਹਿੱਸੇ ਲਈ ਤਿਆਰ ਕੀਤੀ ਗਈ ਹੈ। ਹਾਲਾਂਕਿ, ਇਹ ਸਿੱਖਿਆ ਪ੍ਰੋਗਰਾਮ ਕੁਝ ਹੋਰ ਹਿੱਸਿਆਂ ਵਿੱਚ ਵੀ ਚਲਾਇਆ ਜਾ ਰਿਹਾ ਹੈ।

## ਅੱਜ ਨਾਮਾ >>

ਸਿਆਸੀ ਭੇੜ ਦਾ ਨਵਾਂ ਈ ਯੁੱਗ ਆਇਆ,
ਹਰ ਇੱਕ ਪੈਰ ’ਤੇ ਭੇੜ ਰਿਹਾ ਚੱਲ ਬੇਲੀ।
ਮੁੱਦੇ ਚੁੱਕ ਭੜਕਾਉਂਦੀ ਕੋਈ ਧਿਰ ਪਹਿਲਾਂ,
ਡਿੱਗਣ ਦਿੰਦੀ ਨਹੀਂ ਦੂਜੀ ਫਿਰ ਗੱਲ ਬੇਲੀ।
ਲੋਕਤੰਤਰ ਵਿੱਚ ਲੋਕੀਂ ਨਾ ਯਾਦ ਆਉਂਦੇ,
ਰਾਜਸੀ ਤਰਜ਼ਾਂ ਦੇ ਖੜਕ ਰਹੇ ਟੱਲ ਬੇਲੀ।
ਮਿਹਣਾ ਛੱਡੋ, ਮਜ਼ਾਕ ਨਹੀਂ ਜਾਏ ਜਰਿਆ,
ਹੋਵੇ ਨਹੀਂ ਹਾਸੇ ਦੀ ਗੱਲ ਕੋਈ ਝੱਲ ਬੇਲੀ।
ਲਫਜ਼ਾਂ ਅੰਦਰਲਾ ਕੋਈ ਨਹੀਂ ਸਾਰ ਵਿੰਹਦਾ,
ਵਿੰਹਦੇ ਲੀਡਰ ਕਈ ਦੂਜੇ ਦੀ ਸ਼ਕਲ ਬੇਲੀ।
ਸ਼ਕਲ ਨਹੀਂ ਆਵੇ ਪਸੰਦ ਤੇ ਲੜਨ ਲੱਗਣ,
ਨੁੱਕਰੇ ਲਾਈ ਪਈ ਵਿਲਕਦੀ ਅਕਲ ਬੇਲੀ।

**ਤੀਸ ਮਾਰ ਖਾਂ**

## ਦਿੱਲੀ ਸਰਕਾਰ ਨੇ ਮੰਤਰੀ ਮੰਡਲ ਵਿੱਚ ਕੀਤਾ ਫੇਰਬਦਲ, ਆਤਿਸ਼ੀ ਨੂੰ ਦਿੱਤਾ ਜਾਵੇਗੀ ਸੇਵਾ ਵਿਜੀਲੈਂਸ ਵਿਭਾਗ



ਨਵੀਂ ਦਿੱਲੀ, 8 ਅਗਸਤ (ਪੋਸਟ ਬਿਊਰੋ): ਦਿੱਲੀ ਸਰਕਾਰ ਨੇ ਮੰਤਰੀ ਮੰਡਲ ਵਿੱਚ ਫੇਰਬਦਲ ਕੀਤਾ ਹੈ। ਦਿੱਲੀ ਦੇ ਮੰਤਰੀ ਆਤਿਸ਼ੀ ਨੂੰ ਸੇਵਾ, ਵਿਜੀਲੈਂਸ ਵਿਭਾਗ ਦਾ ਵਾਧੂ ਚਾਰਜ ਦਿੱਤਾ ਜਾਵੇਗਾ। ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਐੱਲ.ਜੀ. ਵੀ.ਕੇ. ਸਕਸੈਨਾ ਨੂੰ ਮਨਜ਼ੂਰੀ ਲਈ ਪ੍ਰਸਤਾਵ ਭੇਜਿਆ ਹੈ। ਇਹ ਦੋਵੇਂ ਪੋਰਟਫੋਲੀਓ ਪਹਿਲਾਂ ਆਤਿਸ਼ੀ ਦੇ ਕੈਬਨਿਟ ਸਹਿਯੋਗੀ ਸੌਰਭ ਭਾਰਦਵਾਜ ਕੋਲ ਸਨ।

## ਓ.ਐੱਮ.ਜੀ-2 ਦੇ ਫ਼ਿਲਮ ਨਿਰਮਾਤਾਵਾਂ ਨੂੰ ਭੇਜਿਆ ਗਿਆ ਨੋਟਿਸ: ਭਗਵਾਨ ਸ਼ਿਵ ਨੂੰ ਕਚੌਰੀ ਖਰੀਦਦੇ ਦਿਖਾਏ ਜਾਣ ’ਤੇ ਕੀਤਾ ਇਤਰਾਜ਼



ਓ.ਐੱਮ.ਜੀ -2 11 ਅਗਸਤ ਨੂੰ ਸਿਨੇਮਾਘਰਾਂ ਵਿੱਚ ਰਿਲੀਜ਼ ਹੋਣ ਵਾਲੀ ਹੈ।

ਉਜੈਨ, 8 ਅਗਸਤ (ਪੋਸਟ ਬਿਊਰੋ): ਮਹਾਕਾਲ ਮੰਦਰ ਦੇ ਪੁਜਾਰੀਆਂ ਨੇ ਫ਼ਿਲਮ ਓ ਮਾਈ ਗੌਡ (ਓ.ਐੱਮ.ਜੀ -2) ਦੇ ਨਿਰਮਾਤਾਵਾਂ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਫ਼ਿਲਮ 'ਚ ਭਗਵਾਨ ਸ਼ਿਵ ਦੇ ਰੂਪ ਨੂੰ ਗਲਤ ਤਰੀਕੇ ਨਾਲ ਦਿਖਾਇਆ ਗਿਆ ਹੈ। ਉਨ੍ਹਾ ਨੂੰ ਬਾਜ਼ਾਰ ਵਿੱਚ ਦੁਕਾਨ ਤੋਂ ਕਚੌਰੀ ਖਰੀਦਦੇ ਦਿਖਾਇਆ ਗਿਆ ਹੈ। ਇਸ ਨਾਲ ਭਗਵਾਨ ਸ਼ਿਵ ਦੇ ਭਗਤਾਂ ਨੂੰ ਦੁੱਖ ਹੋਇਆ ਹੈ।

ਸੈਂਸਰ ਬੋਰਡ ਨੇ ਫਿਲਮ ਨੂੰ ਏ ਸਰਟੀਫਿਕੇਟ ਦਿੱਤਾ ਹੈ। ਮਲਤਬ 18 ਸਾਲ ਤੋਂ ਘੱਟ ਉਮਰ ਦੇ ਲੋਕ ਇਸ ਨੂੰ ਨਹੀਂ ਦੇਖ ਸਕਣਗੇ। ਇਸ 'ਤੇ ਮਹਾਕਾਲ ਮੰਦਰ ਦੇ ਪੁਜਾਰੀਆਂ ਦਾ ਕਹਿਣਾ ਹੈ ਕਿ ਲੱਗਦਾ ਹੈ ਕਿ ਇਸ ਫਿਲਮ ਵਿਚ ਅਸ਼ਲੀਲ ਸੀਨ ਹਨ। ਮਹਾਕਾਲ ਮੰਦਰ ਨਾਲ ਅਜਿਹੇ ਦ੍ਰਿਸ਼ ਮਨਜ਼ੂਰ ਨਹੀਂ ਹਨ।

ਇਹ ਨੋਟਿਸ ਫ਼ਿਲਮ ਨਿਰਦੇਸ਼ਕ ਅਮਿਤ ਰਾਏ, ਨਿਰਮਾਤਾ ਵਿਪੁਲ ਸ਼ਾਹ ਅਤੇ ਚੰਦਰਪ੍ਰਕਾਸ਼ ਦਿਵੇਦੀ, ਅਦਾਕਾਰ ਅਕਸ਼ੈ ਕੁਮਾਰ ਤੋਂ ਇਲਾਵਾ ਸੈਂਸਰ ਬੋਰਡ ਦੇ ਚੇਅਰਮੈਨ ਪ੍ਰਸੂਨ ਕੁਮਾਰ ਜੋਸ਼ੀ ਨੂੰ ਭੇਜੇ ਗਏ ਹਨ। ਹਾਈਕੋਰਟ ਦੇ ਵਕੀਲ ਅਭਿਲਾਸ਼ ਵਿਆਸ ਨੇ 7 ਅਗਸਤ ਨੂੰ ਅਖਿਲ ਭਾਰਤੀ ਪੁਜਾਰੀ ਮਹਾਸੰਘ ਦੀ ਤਰਫੋਂ ਇਹ ਨੋਟਿਸ ਭੇਜਿਆ ਹੈ।

ਨੋਟਿਸ ਵਿੱਚ ਕਿਹਾ ਗਿਆ ਹੈ ਕਿ ਪੱਤਰ ਮਿਲਣ ਦੇ 24 ਘੰਟਿਆਂ ਦੇ ਅੰਦਰ ਅਪਮਾਨਜਨਕ ਦ੍ਰਿਸ਼ਾਂ ਨੂੰ ਹਟਾ ਦਿੱਤਾ ਜਾਵੇ। ਜਨਤਕ ਤੌਰ 'ਤੇ ਮੁਆਫੀ ਮੰਗੀ ਜਾਵੇ। ਅਜਿਹਾ ਕਰਨ ਵਿੱਚ ਅਸਫਲ ਰਹਿਣ ਦੇ ਨਤੀਜੇ ਵਜੋਂ ਫਿਲਮ ਦੇ ਸਰਟੀਫਿਕੇਟ ਨੂੰ ਰੱਦ ਕਰਨ ਦੀ ਅਪੀਲ ਕੀਤੀ ਜਾਵੇਗੀ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you The Mortgage Centre
I direct mortgages Inc. 21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!! ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia #M08006400 416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
Harcharan S. Grover Chartered Accountant
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979 | OPEN 7 DAYS uktruck1@gmail.com | Jitpal Singh Deol 647-204-1936

# ਭਰਤ ਇੰਦਰ ਚਹਿਲ ਖਿਲਾਫ ਵਿਜੀਲੈਂਸ ਵੱਲੋਂ ਲੁੱਕ ਆਊਟ ਨੋਟਿਸ ਜਾਰੀ

ਚੰਡੀਗੜ੍ਹ, 8 ਅਗਸਤ (ਪੋਸਟ ਬਿਊਰੋ): ਵਿਜੀਲੈਂਸ ਬਿਊਰੋ ਨੇ ਆਮਦਨ ਤੋਂ ਵੱਧ ਸਰੋਤਾਂ ਰਾਹੀਂ ਜਾਇਦਾਦ ਬਣਾਉਣ ਦੇ ਮਾਮਲੇ ਵਿਚ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਸਲਾਹਕਾਰ ਭਰਤ ਇੰਦਰ ਸਿੰਘ ਚਹਿਲ ਖਿਲਾਫ ਲੁੱਕ ਆਊਟ ਨੋਟਿਸ ਜਾਰੀ ਕੀਤਾ ਹੈ। ਇਹ ਨੋਟਿਸ ਭਰਤ ਇੰਦਰ ਚਹਿਲ ਨੂੰ ਵਿਦੇਸ਼ ਭੱਜਣ ਤੋਂ ਰੋਕਣ ਵਾਸਤੇ ਜਾਰੀ ਕੀਤਾ ਗਿਆ ਹੈ।



ਪਿਛਲੇ ਦਿਨੀਂ ਵਿਜੀਲੈਂਸ ਬਿਊਰੋ ਨੇ ਚਹਿਲ ਤੋਂ ਲੰਬੀ ਪੁੱਛਗਿੱਛ ਕੀਤੀ ਸੀ। ਪਟਿਆਲਾ ਸਥਿਤ ਉਹਨਾਂ ਦੇ ਮੈਰਿਜ ਪੈਲੇਸ ਦੀ ਪੈਮਾਇਸ਼ ਵੀ ਕੀਤੀ ਗਈ ਸੀ।

# ਗੁਰਦਾਸਪੁਰ ਦੇ ਨੌਜਵਾਨ ਦੀ ਅਮਰੀਕਾ ਵਿਚ ਸੜਕ ਹਾਦਸੇ ਦੌਰਾਨ ਮੌਤ



ਗੁਰਦਾਪੁਰ, 8 ਅਗਸਤ (ਪੋਸਟ ਬਿਊਰੋ): ਮੰਦਭਾਗੀ ਖ਼ਬਰ ਸਾਹਮਣੇ ਆਈ ਹੈ ਕਿ ਮੈਕਸੀਕੋ ਹਾਈਵੇਅ ਨੇੜੇ ਬੱਸ ਡੂੰਘੀ ਖੱਡ ਵਿੱਚ ਡਿੱਗਣ ਕਾਰਨ ਸਾਰੇ ਨੌਜਵਾਨਾਂ ਦੀ ਮੌਤ ਹੋ ਗਈ। ਇਨ੍ਹਾਂ ਨੌਜਵਾਨਾਂ ਵਿੱਚ ਗੁਰਦਾਸਪੁਰ ਜ਼ਿਲ੍ਹੇ ਦੇ ਕਾਹਨੂੰਵਾਨ ਬਲਾਕ ਦੇ ਪਿੰਡ ਬਾਗੜੀ ਦਾ ਗੁਰਪਾਲ ਸਿੰਘ ਪੁੱਤਰ ਬਲਵਿੰਦਰ ਸਿੰਘ ਵੀ ਸ਼ਾਮਿਲ ਹੈ। ਗੁਰਪਾਲ ਸਿੰਘ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ, ਜੋ ਆਪਣੇ ਮਾਪਿਆਂ ਨੂੰ ਵਧੀਆ ਭਵਿੱਖ ਦੇਣ ਲਈ ਇੱਕ ਮਹੀਨਾ ਪਹਿਲਾਂ 7 ਜੁਲਾਈ ਨੂੰ ਘਰ ਛੱਡ ਕੇ ਅਮਰੀਕਾ ਚਲਿਆ ਗਿਆ ਸੀ। ਅੱਜ ਪੂਰੇ ਮਹੀਨੇ ਬਾਅਦ ਉਸ ਦੀ ਮੌਤ ਦੀ ਮੰਦਭਾਗੀ ਖ਼ਬਰ ਉਸ ਦੇ ਘਰ ਪਹੁੰਚੀ।

# 'ਆਪ' ਸਾਂਸਦ ਰਾਘਵ ਚੱਢਾ 'ਤੇ ਜਾਅਲੀ ਦਸਤਖਤ ਕਰਨ ਦਾ ਦੋਸ਼, ਅਮਿਤ ਸ਼ਾਹ ਨੇ ਕੀਤੀ ਜਾਂਚ ਦੀ ਮੰਗ

ਨਵੀਂ ਦਿੱਲੀ, 8 ਅਗਸਤ (ਪੋਸਟ ਬਿਊਰੋ): ਦਿੱਲੀ ਸੇਵਾਵਾਂ (ਸੋਧ) ਬਿੱਲ ਸੋਮਵਾਰ, 7 ਅਗਸਤ ਨੂੰ ਰਾਤ 10 ਵਜੇ ਰਾਜ ਸਭਾ ਵਿੱਚ ਪਾਸ ਹੋ ਗਿਆ। ਇਸ ਦੌਰਾਨ ਭਾਜਪਾ ਨੇ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਰਾਘਵ ਚੱਢਾ 'ਤੇ ਸਦਨ 'ਚ ਪੇਸ਼ ਮਤੇ 'ਚ ਜਾਅਲਸਾਜ਼ੀ ਦਾ ਦੋਸ਼ ਲਗਾਇਆ ਹੈ।

' ਆਪ' ਦੇ ਸੰਸਦ ਮੈਂਬਰ ਚੱਢਾ ਨੇ ਦਿੱਲੀ ਸੇਵਾ ਬਿੱਲ ਨੂੰ ਚੋਣ ਕਮੇਟੀ ਕੋਲ ਭੇਜਣ ਲਈ ਮਤਾ ਪੇਸ਼ ਕੀਤਾ ਸੀ। ਇਸ 'ਤੇ ਅਮਿਤ ਸ਼ਾਹ ਨੇ ਰਾਜ ਸਭਾ 'ਚ ਕਿਹਾ ਕਿ ਇਹ ਮਤਾ ਪੇਸ਼ ਕਰਦੇ ਸਮੇਂ ਚੱਢਾ ਨੇ 5 ਸੰਸਦ ਮੈਂਬਰਾਂ ਦੇ ਜਾਅਲੀ ਦਸਤਖਤ ਕੀਤੇ ਸਨ।

ਹਾਲਾਂਕਿ ਰਾਘਵ ਚੱਢਾ ਨੇ ਇਨ੍ਹਾਂ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਬਿੱਲ ਨੂੰ ਸਿਲੈਕਟ ਕਮੇਟੀ ਕੋਲ ਭੇਜਣ ਦੀ ਤਜਵੀਜ਼ 'ਤੇ ਦਸਤਖਤ ਦੀ ਲੋੜ ਨਹੀਂ ਹੁੰਦੀ ਅਤੇ ਇਹ ਨਿਯਮ ਹੈ।

ਸ਼ਾਹ ਨੇ ਕਿਹਾ ਕਿ ਦੋ ਮੈਂਬਰ ਸਦਨ 'ਚ ਕਹਿ ਰਹੇ ਹਨ ਕਿ ਉਨ੍ਹਾਂ ਨੇ ਦਸਤਖਤ ਨਹੀਂ ਕੀਤੇ। ਉਨ੍ਹਾਂ ਦੇ ਬਿਆਨ ਨੂੰ ਰਿਕਾਰਡ 'ਤੇ ਲਿਆ ਜਾਵੇ ਅਤੇ ਮਾਮਲੇ ਦੀ ਜਾਂਚ ਕੀਤੀ ਜਾਵੇ। ਇਸ 'ਤੇ ਡਿਪਟੀ ਸਪੀਕਰ ਹਰੀਵੰਸ਼ ਨੇ ਕਿਹਾ ਕਿ 4 ਮੈਂਬਰ ਪਹਿਲਾਂ ਹੀ ਮੇਰੇ ਕੋਲ ਸ਼ਿਕਾਇਤ ਕਰ ਚੁੱਕੇ ਹਨ।



ਸਾਰੇ 5 ਮੈਂਬਰਾਂ ਨੇ ਸ਼ਿਕਾਇਤ ਕੀਤੀ ਹੈ। ਦਿੱਲੀ ਸੇਵਾ ਬਿੱਲ 'ਤੇ ਪੇਸ਼ ਮਤੇ 'ਚ 5 ਸੰਸਦ ਮੈਂਬਰਾਂ ਦੇ ਨਾਂ ਦਿੱਤੇ ਗਏ ਸਨ। ਇਨ੍ਹਾਂ ਵਿੱਚ ਨਰਹਾਨੀ ਅਮੀਨ (ਭਾਜਪਾ), ਸੁਧਾਂਸ਼ੂ ਤ੍ਰਿਵੇਦੀ (ਭਾਜਪਾ), ਫਾਂਗਨੋਨ ਕੋਨਯਕ (ਭਾਜਪਾ), ਸਸਮਿਤ ਪਾਤਰਾ (ਬੀਜੂ ਜਨਤਾ ਦਲ) ਅਤੇ ਕੇ. ਥੰਬੀਦੁਰਾਈ (ਏਆਈਏਡੀਐਮਕੇ)। ਸੂਤਰਾਂ ਮੁਤਾਬਕ ਇਨ੍ਹਾਂ ਪੰਜਾਂ ਨੇ ਰਾਘਵ ਚੱਢਾ ਵਿਰੁੱਧ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਦੇ ਵੱਖ-ਵੱਖ ਨੋਟਿਸ ਦਿੱਤੇ ਹਨ।

# ਬੰਬੀਹਾ ਗੈਂਗ ਦੇ ਦੋ ਸ਼ੂਟਰ ਮੋਗਾ ਪੁਲਿਸ ਵੱਲੋਂ ਕਾਬੂ, 2 ਪਿਸਤੌਲ, 8 ਰੌਂਦ ਜਿੰਦਾ, 200 ਨਸ਼ੀਲੀਆ ਗੋਲੀਆ ਬਰਾਮਦ

ਮੋਗਾ, 8 ਅਗਸਤ (ਗਿਆਨ ਸਿੰਘ): ਮੁੱਖ ਮੰਤਰੀ ਪੰਜਾਬ ਅਤੇ ਡੀ.ਜੀ.ਪੀ ਪੰਜਾਬ ਵੱਲੋਂ ਗੈਂਗਸਟਰਾਂ ਖਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਸੀਨੀਅਰ ਕਪਤਾਨ ਪੁਲਿਸ ਜੇ. ਇਲਨਚੇਲੀਅਨ ਦੀ ਯੋਗ ਅਗਵਾਈ ਹੇਠ ਮੋਗਾ ਪੁਲਿਸ ਵੱਲੋ ਸਮਾਜ ਦੇ ਮਾੜੇ ਅਨਸਰਾਂ ਖਿਲਾਫ਼ ਸਖਤ ਕਾਰਵਾਈਆਂ ਕੀਤੀਆ ਜਾ ਰਹੀਆ ਹਨ ਅਤੇ ਸ਼ਹਿਰ ਵਿੱਚ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਯਤਨ ਕੀਤੇ ਜਾ ਰਹੇ ਹਨ।



7 ਅਗਸਤ, 2023 ਨੂੰ ਵਨੀਤ ਕੁਮਾਰ ਸ਼ਰਮਾ ਪੁੱਤਰ ਜਵਾਹਰ ਲਾਲ ਸ਼ਰਮਾਂ ਵਾਸੀ ਗਲੀ ਨੰ:4, ਸੂਰਜ ਨਗਰ, ਮੋਗਾ ਨੇ ਥਾਣਾ ਸਿਟੀ ਮੋਗਾ ਵਿਖੇ ਆਪਣਾ ਬਿਆਨ ਲਿਖਵਾਇਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਆਪਣੇ ਦਫ਼ਤਰ ਵਿੱਚ ਬੈਠਾ ਕੰਮਕਾਰ ਦੇਖ ਰਿਹਾ ਸੀ ਤਾਂ ਇਕ ਮੋਟਰਸਾਈਕਲ ਉੱਪਰ ਦੋ ਨਾਮਲੂਮ ਵਿਅਕਤੀ ਸਵਾਰ ਹੋ ਕੇ ਆਏ। ਜਿਹਨਾ ਵਿੱਚੋਂ ਇਕ ਵਿਅਕਤੀ ਮੋਟਰਸਾਈਕਲ ਉੱਪਰ ਬੈਠਾ ਰਿਹਾ ਅਤੇ ਦੂਜੇ ਵਿਅਕਤੀ ਨੇ ਆਪਣੇ ਡੱਬ ਵਿਚੋਂ ਪਿਸਟਲ ਕੱਢ ਕੇ ਦਫ਼ਤਰ ਦੇ ਮੈਂਬਰਾਂ ਅਤੇ ਲੜਕੀਆਂ ਉਪਰ ਤਾਣ ਲਿਆ ਅਤੇ ਫਾਇਰ ਕਰਨ ਲਈ ਦੋ ਵਾਰ ਟ੍ਰੀਗਰ ਦਬਾਇਆ, ਪਰ ਪਿਸਟਲ ਕਿਸੇ ਕਾਰਨ ਕਰਕੇ ਨਹੀ ਚੱਲਿਆ। ਵਨੀਤ ਕੁਮਾਰ ਵੱਲੋਂ ਰੌਲਾ ਪਾਉਣ ਤੇ ਦੋਨੋਂ ਦੋਸ਼ੀ ਮੋਟਰਸਾਈਕਲ ਉੱਪਰ ਸਵਾਰ ਹੋ ਕੇ ਮੌਕੇ ਤੋਂ ਫਰਾਰ ਹੋ ਗਏ।ਜਿਸ ਘਟਨਾ ਸਬੰਧੀ ਦੋ ਨਾ ਮਲੂਮ ਵਿਅਕਤੀਆਂ ਖਿਲਾਫ਼ ਅਸਲਾ ਐਕਟ ਅਧੀਨ ਮੁਕੱਦਮਾ ਥਾਣਾ ਸਿਟੀ ਮੋਗਾ ਦਰਜ ਕੀਤਾ ਗਿਆ।

ਐਸ.ਪੀ ਇੰਨਵੈਸਟੀਗੇਸ਼ਨ ਅਜੇਰਾਜ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਉਪ-ਕਪਤਾਨ ਪੁਲਿਸ ਸਬ-ਡਿਵੀਜ਼ਨ ਧਰਮਕੋਟ ਰਵਿੰਦਰ ਸਿੰਘ ਦੀ ਨਿਗਰਾਨੀ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਭੁੱਲਰ ਮੁੱਖ ਅਫ਼ਸਰ ਥਾਣਾ ਧਰਮਕੋਟ ਅਤੇ ਉਪ ਕਪਤਾਨ ਸਿਟੀ ਮੋਗਾ ਸੁਖਵਿੰਦਰ ਸਿੰਘ ਬਰਾੜ, ਐਸ.ਆਈ ਦਲਜੀਤ ਸਿੰਘ ਮੁਖ ਅਫਸਰ ਥਾਣਾ ਸਿਟੀ ਮੋਗਾ ਅਤੇ ਇੰਸਪੈਕਟਰ ਕਿੱਕਰ ਸਿੰਘ ਇੰਚਾਰਜ ਸੀ.ਆਈ.ਏ ਮੋਗਾ ਦੀਆਂ ਟੀਮਾਂ ਬਣਾਕੇ ਦੋਸ਼ੀਆਂ ਦੀ ਭਾਲ ਸ਼ੁਰੂ ਕੀਤੀ ਗਈ, ਜਿਸ ਦੌਰਾਨ ਇੰਸਪੈਕਟਰ ਗੁਰਵਿੰਦਰ ਸਿੰਘ ਭੁੱਲਰ ਮੁੱਖ ਅਫ਼ਸਰ ਥਾਣਾ ਧਰਮਕੋਟ ਸਮੇਤ ਸਾਥੀ ਕਰਮਚਾਰੀਆਂ ਦੇ ਹਾਈਵੇ ਮੋਗਾ-ਜਲੰਧਰ ਰੋਡ ਪਰ ਬਣੇ ਲੈਂਡਲਾਰਡ ਮੈਰਿਜ ਪੈਲੇਸ ਕੋਲ ਨਾਕਾਬੰਦੀ ਕੀਤੀ ਗਈ। ਗੱਡੀਆਂ ਦੀ ਚੈਕਿੰਗ ਕਰ ਰਹੇ ਸਨ ਤਾਂ ਮੋਗਾ ਸਾਇਡ ਵੱਲੋ ਦੋ ਨੌਜਵਾਨ ਭੱਜਦੇ ਆਉਂਦੇ ਦਿਖਾਈ ਦਿੱਤੇ ਜਿੰਨਾ ਦੇ ਮਗਰ ਕਾਫੀ ਲੋਕ ਲੱਗੇ ਹੋਏ ਸੀ ਜਿੰਨਾ ਨੂੰ ਮੁੱਖ ਅਫ਼ਸਰ ਥਾਣਾ ਧਰਮਕੋਟ ਨੇ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿੰਨਾ ਨੇ ਆਪਣਾ ਨਾਮ ਅੰਕਿਤ ਕਾਦੀਆਂ ਪੁੱਤਰ ਬਾਬੂ ਰਾਮ ਪਿੰਡ ਬਸੈਰਾ ਜ਼ਿਲ੍ਹਾ ਮੁੱਜਫਰ ਨਗਰ ਸਟੇਟ ਉੱਤਰ-ਪ੍ਰਦੇਸ਼ ਅਤੇ ਸੰਤੋਸ਼ ਉਰਫ ਸਾਇਕੋ ਪੁੱਤਰ ਮਨੋਜ ਵਾਸੀ ਪਟਨਾ ਸਹਿਬ ਬਿਹਾਰ ਹਾਲ ਵਾਸੀ ਵਾਰਡ ਨੰਬਰ 11 ਕੀਰਤੀ ਨਗਰ ਨਵੀ ਦਿੱਲੀ ਦੱਸਿਆ ਜਿੰਨਾ ਦੀ ਤਲਾਸ਼ੀ ਦੌਰਾਨ 200 ਨਸ਼ੀਲੀਆ ਗੋਲੀਆਂ ਅਤੇ 2 ਪਿਸਟਲ ਦੇਸੀ 32 ਬੋਰ ਸਮੇਤ 08 ਰੌਂਦ ਜਿੰਦਾ 32 ਬੋਰ ਅਤੇ ਇੱਕ ਮੋਟਰ ਸਾਈਕਲ ਮਾਰਕਾ ਹੌਂਡਾ ਪੈਸ਼ਨ ਪਰੋ ਨੰਬਰੀ ਯੂ.ਪੀ.-14-ਡੀ.ਡੀ. 3521 ਬ੍ਰਾਮਦ ਕੀਤਾ ਗਿਆ ਹੈ ਅਤੇ ਦੋਵਾਂ ਦੋਸ਼ੀਆਂ ਖਿਲਾਫ਼ ਮੁਕੱਦਮਾ ਅਸਲਾ ਐਕਟ ਥਾਣਾ ਧਰਮਕੋਟ ਵਿਖੇ ਦਰਜ ਕੀਤਾ ਗਿਆ। ਇਨ੍ਹਾਂ ਨੇ ਪੁੱਛਗਿੱਛ ਦੌਰਾਨ ਮੰਨਿਆ ਕਿ ਸਵੇਰੇ ਵਨੀਤ ਕੁਮਾਰ ਸ਼ਰਮਾ ਪੁੱਤਰ ਜਵਾਹਰ ਲਾਲ ਸ਼ਰਮਾ ਵਾਸੀ ਗਲੀ ਨੰ:4 ਸੂਰਜ ਨਗਰ ਮੋਗਾ ਦੇ ਦਫ਼ਤਰ ਵਿਖੇ ਜੋ ਫਾਈਰਿੰਗ ਕਰਨ ਗਏ ਸਨ ਪ੍ਰੰਤੂ ਪਿਸਟਲ ਨਾ ਚੱਲਣ ਕਰਕੇ ਕੋਸ਼ਿਸ਼ ਨਾਕਾਮ ਹੋ ਗਈ।

ਸੀਨੀਅਰ ਕਪਤਾਨ ਪੁਲਿਸ ਮੋਗਾ ਨੇ ਦੱਸਿਆ ਕਿ ਮਾਣਯੋਗ ਅਦਾਲਤ ਵਿਚ ਇਨ੍ਹਾਂ ਦੋਸ਼ੀਆਂ ਨੂੰ ਪੇਸ਼ ਕਰਕੇ ਰਿਮਾਂਡ ਹਾਸਿਲ ਕਰਕੇ ਬ੍ਰਾਮਦ ਹੋਏ ਅਸਲੇ ਅਤੇ ਕਿਹੜੀ-ਕਿਹੜੀ ਵਾਰਦਾਤ ਨੂੰ ਇਨ੍ਹਾਂ ਅੰਜਾਮ ਦੇਣਾ ਸੀ ਸਬੰਧੀ

# ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਵ੍ਹੀਲ ਚੇਅਰ 'ਤੇ ਰਾਜ ਸਭਾ ਪਹੁੰਚੇ



ਨਵੀਂ ਦਿੱਲੀ, 8 ਅਗਸਤ (ਪੋਸਟ ਬਿਊਰੋ): ਦਿੱਲੀ ਸੇਵਾਵਾਂ ਬਿੱਲ ਸੋਮਵਾਰ ਨੂੰ ਰਾਜ ਸਭਾ ਵਿੱਚ ਪੇਸ਼ ਕੀਤਾ ਗਿਆ। ਇਸ 'ਤੇ ਰਾਤ 10 ਵਜੇ ਵੋਟਿੰਗ ਹੋਈ। ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਵੀ ਕਾਂਗਰਸ ਵਲੋਂ ਵੋਟ ਪਾਉਣ ਲਈ ਸਦਨ ਪਹੁੰਚੇ। ਸਿਹਤ ਖਰਾਬ ਹੋਣ ਕਾਰਨ ਉਹ ਵ੍ਹੀਲ ਚੇਅਰ 'ਤੇ ਬੈਠ ਕੇ ਆਏ ਸਨ।

ਇਸ ਮੌਕੇ ਕਾਂਗਰਸ ਨੇ ਪ੍ਰਧਾਨ ਮੰਤਰੀ ਮੋਦੀ 'ਤੇ ਨਿਸ਼ਾਨਾ ਸਾਧਿਆ। ਪਾਰਟੀ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਮਨਮੋਹਨ ਸਿੰਘ ਦੀ ਤਸਵੀਰ ਦੇ ਨਾਲ ਪ੍ਰਧਾਨ ਮੰਤਰੀ ਮੋਦੀ ਦੀ ਤਸਵੀਰ ਵੀ ਪੋਸਟ ਕੀਤੀ ਹੈ। ਇਸ ਨੂੰ ਕੈਪਸ਼ਨ ਦਿੱਤੀ ਕਿ ਇੰਟੀਗ੍ਰਿਟੀ ਵਰਸਿਜ਼ ਐਸਕੇਪ ਭਾਵ ਇਮਾਨਦਾਰੀ ਬਨਾਮ ਭਗੌੜਾਪਣ। ਭਾਜਪਾ ਨੇ ਮਨਮੋਹਨ ਸਿੰਘ ਦੀ ਤਸਵੀਰ ਵੀ ਸਾਂਝੀ ਕੀਤੀ ਹੈ। ਇਸ ਵਿੱਚ ਪਾਰਟੀ ਨੇ ਲਿਖਿਆ ਹੈ ਕਿ ਇਹ ਕਾਂਗਰਸ ਦੀ ਸਨਕ ਹੈ, ਜਿਸ ਨੇ ਸਿਹਤ ਦੀ ਅਜਿਹੀ ਹਾਲਤ ਵਿੱਚ ਵੀ ਇੱਕ ਸਾਬਕਾ ਪ੍ਰਧਾਨ ਮੰਤਰੀ ਨੂੰ ਦੇਰ ਰਾਤ ਵ੍ਹੀਲਚੇਅਰ 'ਤੇ ਬਿਠਾ ਕੇ ਰੱਖਿਆ, ਉਹ ਵੀ ਸਿਰਫ਼ ਆਪਣੇ ਬੇਈਮਾਨ ਗਠਜੋੜ ਨੂੰ ਕਾਇਮ ਰੱਖਣ ਲਈ।

# ਭਾਜਪਾ ਮਹਿਲਾ ਆਗੂ ਲਾਪਤਾ, ਪੁਲਿਸ ਕਰ ਰਹੀ ਭਾਲ

ਨਾਗਪੁਰ, 8 ਅਗਸਤ (ਪੋਸਟ ਬਿਊਰੋ): ਭਾਰਤੀ ਜਨਤਾ ਪਾਰਟੀ ਦੀ ਇੱਕ ਮਹਿਲਾ ਨੇਤਾ ਸਨਾ ਖਾਨ ਅਚਾਨਕ ਲਾਪਤਾ ਹੋ ਗਈ। ਉਹ ਆਪਣੇ ਜਾਣਕਾਰ ਨੂੰ ਮਿਲਣ ਲਈ ਨਾਗਪੁਰ ਤੋਂ ਜਬਲਪੁਰ ਗਈ ਸੀ। ਮਹਿਲਾ ਨੇਤਾ ਦੇ ਲਾਪਤਾ ਹੋਣ ਦੀ ਖਬਰ ਮਿਲਦੇ ਹੀ ਨਾਗਪੁਰ 'ਚ ਹੜਕੰਪ ਮਚ ਗਿਆ। ਜਾਣਕਾਰੀ ਮੁਤਾਬਕ ਔਰਤ ਦਾ ਆਖਰੀ ਲੁਕੇਸ਼ਨ ਜਬਲਪੁਰ ਸੀ। ਨਾਲ ਹੀ, ਜਿਸ ਵਿਅਕਤੀ ਨੂੰ ਉਹ ਮਿਲਣ ਲਈ ਜਬਲਪੁਰ ਗਈ ਸੀ, ਉਸ ਦਾ ਅਪਰਾਧਿਕ ਰਿਕਾਰਡ ਹੈ ਅਤੇ ਉਹ ਗੈਰ-ਕਾਨੂੰਨੀ ਕਾਰੋਬਾਰਾਂ ਵਿਚ ਵੀ ਸ਼ਾਮਿਲ ਹੈ। ਜਿਸ ਕਾਰਨ ਅਣਸੁਖਾਵੀਂ ਘਟਨਾ ਵਾਪਰਨ ਦਾ ਖਦਸ਼ਾ ਪ੍ਰਗਟਾਇਆ ਜਾ ਰਿਹਾ ਹੈ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪੁਲਿਸ ਨੇ ਜਾਂਚ ਤੇਜ਼ ਕਰ ਦਿੱਤੀ ਹੈ।



ਜਾਣਕਾਰੀ ਮੁਤਾਬਕ ਜਬਲਪੁਰ ਤੋਂ ਲਾਪਤਾ ਭਾਜਪਾ ਮਹਿਲਾ ਨੇਤਾ ਸਨਾ ਖਾਨ ਦੱਸੀ ਜਾ ਰਹੀ ਹੈ। ਸਨਾ ਭਾਜਪਾ ਦੇ ਘੱਟ ਗਿਣਤੀ ਸੈੱਲ ਦੇ ਅਹੁਦੇਦਾਰ ਸਨ। ਉਸ ਦੇ ਲਾਪਤਾ ਹੋਣ ਪਿੱਛੇ ਜਬਲਪੁਰ ਦੇ ਅਪਰਾਧੀ ਅਮਿਤ ਉਰਫ਼ ਪੱਪੂ ਸਾਹੂ ਨੂੰ ਜ਼ਿੰਮੇਵਾਰ ਮੰਨਿਆ ਜਾ ਰਿਹਾ ਹੈ। ਪਰ ਪੱਪੂ ਵੀ ਗਾਇਬ ਹੈ।

ਜਾਣਕਾਰੀ ਮੁਤਾਬਕ ਸਨਾ 1 ਅਗਸਤ ਦੀ ਰਾਤ ਨੂੰ ਪੱਪੂ ਨੂੰ ਮਿਲਣ ਲਈ ਜਬਲਪੁਰ ਗਈ ਸੀ। 2 ਅਗਸਤ ਦੀ ਸਵੇਰ ਸਨਾ ਨੇ ਆਪਣੀ ਮਾਂ ਨਾਲ ਗੱਲ ਕੀਤੀ ਅਤੇ ਜਬਲਪੁਰ ਪਹੁੰਚਣ ਦੀ ਜਾਣਕਾਰੀ ਦਿੱਤੀ। ਪਰ ਜਦੋਂ ਸ਼ਾਮ ਨੂੰ ਸਨਾ ਦੀ ਮਾਂ ਨੇ ਉਸ ਨੂੰ ਫ਼ੋਨ ਕੀਤਾ ਤਾਂ ਫ਼ੋਨ ਸਵਿੱਚ ਆਫ਼ ਪਾਇਆ ਗਿਆ। ਸਨਾ ਨਾਲ ਸੰਪਰਕ ਨਾ ਹੋਣ ਕਾਰਨ ਪਰਿਵਾਰਕ ਮੈਂਬਰ ਪ੍ਰੇਸ਼ਾਨ ਹਨ, ਪੱਪੂ ਨੂੰ ਵੀ ਬੁਲਾਇਆ ਗਿਆ, ਉਸ ਨੇ ਦੱਸਿਆ ਕਿ ਸਨਾ ਵਿਵਾਦ ਤੋਂ ਬਾਅਦ ਵਾਪਿਸ ਚਲੀ ਗਈ ਹੈ। ਸਨਾ ਦੀ ਮਾਂ ਨੇ ਧੀ ਦੇ ਨਾ ਮਿਲਣ 'ਤੇ ਨਾਗਪੁਰ ਦੀ ਮਾਨਕਾਪੁਰ ਪੁਲਿਸ ਕੋਲ ਗੁੰਮਸ਼ੁਦਗੀ ਦੀ ਸ਼ਿਕਾਇਤ ਦਰਜ ਕਰਵਾਈ ਸੀ।

ਜਾਣਕਾਰੀ ਅਨੁਸਾਰ ਪੱਪੂ ਜਬਲਪੁਰ ਵਿੱਚ ਢਾਬਾ ਚਲਾਉਂਦਾ ਹੈ। ਉਸ ਖਿਲਾਫ਼ ਕਤਲ ਸਮੇਤ ਸ਼ਰਾਬ ਤਸਕਰੀ ਦੇ ਕੇਸ ਦਰਜ ਹਨ। ਲੱਖਾਂ ਰੁਪਏ ਦੇ ਲੈਣ-ਦੇਣ ਨੂੰ ਲੈ ਕੇ ਝਗੜਾ ਹੋਇਆ ਸੀ। ਪੱਪੂ ਨੇ ਗੱਲ ਸੁਲਝਾਉਣ ਲਈ ਸਨਾ ਨੂੰ ਜਬਲਪੁਰ ਬੁਲਾਇਆ ਸੀ।


VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।



Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





98 JOHN ST E
Bradford West Gwillimbury, Ontario L3Z1G4

$1,149,000

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਮਾਨਸਾ ਦੇ ਨੇਤਰਹੀਣ ਮਾਂ ਅਤੇ ਪੁੱਤਰਾਂ ਨੇ ਕੀਤੀ ਮੱਦਦ ਦੀ ਅਪੀਲ, ਸਰਕਾਰ ਛੱਤ ਬਣਵਾ ਦੇਵੇ, ਪਾਣੀ ਦਾ ਕੁਨੈਕਸ਼ਨ ਦੇ ਦੇਵੇ



ਰਾਮਪੁਰਾ ਫੂਲ, 8 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਮਾਨਸਾ ਜ਼ਿਲ੍ਹੇ ਵਿੱਚ ਇੱਕ ਨੇਤਰਹੀਣ ਪਰਿਵਾਰ ਨੂੰ ਮੱਦਦ ਦੀ ਲੋੜ ਹੈ। ਪਰਿਵਾਰ ਵਿੱਚ ਇੱਕ ਬਜ਼ੁਰਗ ਔਰਤ ਹੈ ਜਿਸ ਦੀ ਉਮਰ 90 ਸਾਲ ਹੈ ਪਰ ਉਹ ਨੇਤਰਹੀਣ ਹੈ। 5 ਵਿੱਚੋਂ 2 ਪੁੱਤਰ ਜਿਉਂਦੇ ਹਨ, ਜੋ ਦੇਖ ਨਹੀਂ ਸਕਦੇ। ਉਹ ਵੀ ਉਸਦੇ ਨਾਲ ਰਹਿੰਦੇ ਹਨ। ਤਿੰਨਾਂ ਨੇ ਪੰਜਾਬ ਸਰਕਾਰ ਨੂੰ ਮੱਦਦ ਦੀ ਅਪੀਲ ਕੀਤੀ ਹੈ।

ਪਿੰਡ ਠੱਠਿਆਂਵਾਲੀ ਦੀ ਰਹਿਣ ਵਾਲੀ 90 ਸਾਲਾ ਗੁਲਾਬ ਕੌਰ ਦਾ ਕਹਿਣਾ ਹੈ ਕਿ ਉਸ ਦੇ 5 ਪੁੱਤਰ ਸਨ, ਜਿਨ੍ਹਾਂ 'ਚੋਂ 2 ਪੁੱਤਰ ਉਸ ਦੇ ਨਾਲ ਰਹਿੰਦੇ ਹਨ, ਜੋ ਦੇਖ ਨਹੀਂ ਸਕਦੇ। ਘਰ ਦੀ ਹਾਲਤ ਚੰਗੀ ਨਹੀਂ ਹੈ। ਘਰ ਦੀ ਛੱਤ ਡਿੱਗਣ ਵਾਲੀ ਹੈ। ਘਰ ਵਿੱਚ ਖਾਣ ਲਈ ਕੁਝ ਨਹੀਂ। ਪਿੰਡ ਵਾਲੇ ਸਾਨੂੰ ਜੋ ਵੀ ਖਾਣ ਲਈ ਦਿੰਦੇ ਹਨ ਅਸੀਂ ਖਾ ਲੈਂਦੇ ਹਾਂ। ਬਲਜੀਤ ਸਿੰਘ ਨਾਂ ਦਾ ਨੇਤਰਹੀਣ ਬੇਟਾ ਇਧਰ-ਉਧਰ ਭਟਕ ਕੇ ਖਾਣਾ ਲੈ ਕੇ ਆਉਂਦਾ ਹੈ। ਇਸ ਤਰ੍ਹਾਂ ਉਹ ਆਪਣਾ ਗੁਜ਼ਾਰਾ ਕਰ ਲੈਂਦੇ ਹਨ।

# ਪੰਜਾਬ ਵਿਚ 3 ਦਿਨ ਰਹੇਗਾ ਚੱਕਾ ਜਾਮ, ਠੇਕਾ ਮੁਲਾਜ਼ਮਾਂ ਨੇ ਸਰਕਾਰ ’ਤੇ ਆਪਣੇ ਵਾਅਦੇ ਤੋਂ ਮੁੱਕਰ ਜਾਣ ਦਾ ਲਾਇਆ ਦੋਸ਼



ਜਲੰਧਰ, 8 ਅਗਸਤ (ਪੋਸਟ ਬਿਊਰੋ): ਪੰਜਾਬ ਵਿਚ 3 ਦਿਨ ਚੱਕਾ ਜਾਮ ਰਹੇਗਾ। ਰੋਡਵੇਜ਼ ਦੇ ਠੇਕਾ ਮੁਲਾਜ਼ਮ 14 ਅਗਸਤ ਤੋਂ 16 ਅਗਸਤ ਤੱਕ ਤਿੰਨ ਦਿਨ ਹੜਤਾਲ 'ਤੇ ਰਹਿਣਗੇ। ਰੋਡਵੇਜ਼-ਪਨਬਸ ਕਰਮਚਾਰੀ ਯੂਨੀਅਨ ਨੇ ਆਪਣੀਆਂ ਮੰਗਾਂ ਨੂੰ ਲੈ ਕੇ 3 ਦਿਨਾਂ ਲਈ ਬੱਸਾਂ ਬੰਦ ਕਰਨ ਦਾ ਫੈਸਲਾ ਕੀਤਾ ਹੈ। ਇਨਾ ਹੀ ਨਹੀਂ ਸਾਰੇ ਮੁਲਾਜ਼ਮ ਇਕੱਠੇ ਹੋ ਕੇ ਸੁਤੰਤਰਤਾ ਦਿਵਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਰੋਧ ਕਰਦੇ ਹੋਏ ਉਨ੍ਹਾਂ ਦਾ ਘਿਰਾਓ ਕਰਨਗੇ।

ਰੋਡਵੇਜ਼ ਵਿੱਚ ਲੰਮੇ ਸਮੇਂ ਤੋਂ ਠੇਕੇ ’ਤੇ ਕੰਮ ਕਰ ਰਹੇ ਮੁਲਾਜ਼ਮਾਂ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਨਾਲ-ਨਾਲ ਮੁੱਖ ਮੰਤਰੀ ਨਾਲ ਵੀ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ। ਮੀਟਿੰਗਾਂ ਵਿੱਚ ਉਨ੍ਹਾਂ ਨੂੰ ਪੂਰਾ ਕਰਨ ਦਾ ਭਰੋਸਾ ਜ਼ਰੂਰ ਮਿਲਦਾ ਹੈ ਪਰ ਅਜੇ ਤੱਕ ਇੱਕ ਵੀ ਮੰਗ ਨਹੀਂ ਮੰਨੀ ਗਈ। ਯੂਨੀਅਨ ਆਗੂਆਂ ਨਾਲ ਪੈਨਲ ਦੀ ਮੀਟਿੰਗ 10 ਜੁਲਾਈ ਨੂੰ ਹੋਣੀ ਸੀ, ਪਰ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਇਹ ਰੱਦ ਹੋ ਗਈ।

ਰੋਡਵੇਜ਼-ਪਨਬੱਸ ਦੇ ਠੇਕਾ ਮੁਲਾਜ਼ਮਾਂ ਅਨੁਸਾਰ ਸਰਕਾਰ ਨੇ ਕਿਹਾ ਸੀ ਕਿ ਵਿਭਾਗ ਵਿੱਚ 10 ਸਾਲਾਂ ਤੋਂ ਠੇਕੇ ’ਤੇ ਕੰਮ ਕਰਦੇ ਕਾਮਿਆਂ ਨੂੰ ਪੱਕਾ ਕੀਤਾ ਜਾਵੇਗਾ, ਪਰ ਸਰਕਾਰ ਦਾ ਇਹ ਵਾਅਦਾ ਅਜੇ ਤੱਕ ਪੂਰਾ ਨਹੀਂ ਹੋਇਆ। ਇਸ ਤੋਂ ਇਲਾਵਾ ਸਰਕਾਰ ਨੇ ਕਿਹਾ ਸੀ ਕਿ ਠੇਕੇ ਜਾਂ ਆਊਟਸੋਰਸ ਰਾਹੀਂ ਕੋਈ ਭਰਤੀ ਨਹੀਂ ਕੀਤੀ ਜਾਵੇਗੀ ਪਰ ਫਿਰ ਵੀ ਆਊਟਸੋਰਸ 'ਤੇ ਮੁਲਾਜ਼ਮ ਰੱਖੇ ਜਾ ਰਹੇ ਹਨ।

ਯੂਨੀਅਨ ਦੇ ਮੀਤ ਪ੍ਰਧਾਨ ਚੰਨਣ ਸਿੰਘ ਨੇ ਕਿਹਾ ਕਿ 6600 ਦੇ ਕਰੀਬ ਠੇਕਾ ਮੁਲਾਜ਼ਮਾਂ ਨੂੰ ਤੁਰੰਤ ਪ੍ਰਭਾਵ ਨਾਲ ਪੱਕਾ ਕੀਤਾ ਜਾਵੇ। ਅਧਿਕਾਰੀਆਂ ਦੀ ਮਰਿਆਦਾ 'ਤੇ ਲਗਾਮ ਲਗਾ ਕੇ ਮੁਲਾਜ਼ਮਾਂ ਦੀਆਂ ਡਿਊਟੀਆਂ ਨਾਲ ਸਬੰਧਤ ਹਾਲਤਾਂ ਨੂੰ ਵੀ ਸੁਧਾਰਨਾ ਚਾਹੀਦਾ ਹੈ। 400 ਦੇ ਕਰੀਬ ਮੁਲਾਜ਼ਮਾਂ ਦੀਆਂ ਸੂਚੀਆਂ, ਜਿਨ੍ਹਾਂ ਦੀਆਂ ਸੂਚੀਆਂ ਵਿਭਾਗ ਨੂੰ ਮੁਹੱਈਆ ਕਰਵਾਈਆਂ ਗਈਆਂ ਸਨ, ਨੂੰ ਬਹਾਲ ਕੀਤਾ ਜਾਵੇ।

# ਮੋਗਾ ਦੇ ਨਵੇਂ ਨਿਗਮ ਕਮਿਸ਼ਨਰ ਪੂਨਮ ਸਿੰਘ ਵੱਲੋਂ ਨਿਗਮ ਦੀ ਆਮਦਨੀ ਵਧਾਉਣ ਲਈ ਕੀਤੇ ਜਾ ਰਹੇ ਸਿਰਤੋੜ ਯਤਨ

## ਸ਼ਹਿਰ ਦੀ ਸੁੰਦਰਤਾ, ਹਰਿਆਲੀ, ਬਿਹਤਰ ਨਿਗਮ ਸੇਵਾਵਾਂ ਅਤੇ ਆਮਦਨੀ ਵਧਾਉਣ ਲਈ ਯਤਨ ਲਗਾਤਾਰ ਜਾਰੀ ਰਹਿਣਗੇ : ਪੂਨਮ ਸਿੰਘ



ਮੋਗਾ, 8 ਅਗਸਤ (ਗਿਆਨ ਸਿੰਘ): ਮੋਗਾ ਵਿਖੇ ਕਮਿਸ਼ਨਰ ਨਗਰ ਨਿਗਮ ਪੂਨਮ ਸਿੰਘ ਨੇ ਮਹਿਜ ਦੋ ਮਹੀਨਿਆਂ ਦੇ ਕਾਰਜਕਾਲ ਵਿੱਚ ਹੀ ਨਗਰ ਨਿਗਮ ਦੀ ਆਮਦਨ ਵਿੱਚ ਵਾਧਾ ਕੀਤਾ ਹੈ ਅਤੇ ਆਮ ਲੋਕਾਂ ਨੂੰ ਨਗਰ ਨਿਗਮ ਮੋਗਾ ਰਾਹੀਂ ਮਿਲਣ ਵਾਲੀਆਂ ਸਹੂਲਤਾਂ ਨੂੰ ਹੋਰ ਵੀ ਪ੍ਰਭਾਵਸ਼ਾਲੀ ਤਰੀਕੇ ਨਾਲ ਉਨ੍ਹਾਂ ਤੱਕ ਪਹੁੰਚਾਇਆ ਹੈ। ਇਹ ਯਤਨ ਅੱਗੇ ਵੀ ਕਮਿਸ਼ਨਰ ਵੱਲੋਂ ਲਗਾਤਾਰ ਜਾਰੀ ਰੱਖੇ ਜਾ ਰਹੇ ਹਨ। ਜੇਕਰ ਗੱਲ ਕੀਤੀ ਜਾਵੇ ਤਾਂ ਮੈਡਮ ਪੂਨਮ ਸਿੰਘ ਨੇ 8 ਜੂਨ, 2023 ਨੂੰ ਬਤੌਰ ਕਮਿਸ਼ਨਰ ਨਗਰ ਨਿਗਮ ਮੋਗਾ ਦਾ ਚਾਰਜ ਸੰਭਾਲ ਲਿਆ ਸੀ, ਉਸੇ ਦਿਨ ਤੋਂ ਹੀ ਆਪਣੀ ਸਖਤ ਮਿਹਨਤ ਅਤੇ ਜ਼ਮੀਨੀ ਪੱਧਰ ਦੀ ਕਾਰਵਾਈ ਦੀ ਬਦੌਲਤ ਉਨ੍ਹਾਂ ਵੱਲੋਂ ਮੋਗਾ ਸ਼ਹਿਰ ਦੀ ਸੁੰਦਰਤਾ ਵਿੱਚ ਵੀ ਚੋਖਾ ਸੁਧਾਰ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਸੀਵਰੇਜ਼ ਬਿੱਲਾਂ, ਟੈਕਸ, ਵਾਟਰ ਸਪਲਾਈ ਬਿੱਲਾਂ ਦੇ ਡਿਫਾਲਟਰਾਂ ਵਿਰੁੱਧ ਵੀ ਨੋਟਿਸ ਜਾਰੀ ਕੀਤੇ ਜਾ ਰਹੇ ਹਨ ਤਾਂ ਕਿ ਨਿਗਮ ਦੀ ਆਮਦਨੀ ਵਿੱਚ ਵਾਧਾ ਹੋ ਸਕੇ ਅਤੇ ਸ਼ਹਿਰ ਵਾਸੀਆਂ ਨੂੰ ਹੋਰ ਵੀ ਵਧੀਆ ਨਿਗਮ ਸਹੂਲਤਾਂ ਮੁਹੱਈਆ ਹੋ ਸਕਣ। ਨਗਰ ਨਿਗਮ ਦੀ ਹਰ ਇੱਕ ਸ਼ਾਖਾਵਾਂ ਦੇ ਮੁਖੀਆਂ ਨਾਲ ਕਮਿਸ਼ਨਰ ਵੱਲੋਂ ਹਫ਼ਤਾਵਰੀ ਮੀਟਿੰਗਾਂ ਕਰਕੇ ਕੰਮਾਂ ਦਾ ਰੀਵਿਊ ਕੀਤਾ ਜਾ ਰਿਹਾ ਹੈ ਅਤੇ ਨਗਰ ਨਿਗਮ ਦੀ ਆਮਦਨੀ ਵਿੱਚ ਵਾਧਾ ਕਰਨ ਬਾਰੇ ਵਿਚਾਰ ਚਰਚਾਵਾਂ ਕੀਤੀਆਂ ਜਾਂਦੀਆਂ ਹਨ। ਉਕਤ ਸਦਕਾ ਪ੍ਰਾਪਰਟੀ ਟੈਕਸ ਤੋਂ 66.99 ਲੱਖ ਰੁਪਏ, ਵਾਟਰ ਸਪਲਾਈ ਤੇ ਸੀਵਰੇਜ਼ ਬਿੱਲਾਂ ਦੀ ਤੋਂ 35.10 ਲੱਖ ਰੁਪਏ, ਰੈਂਟ ਸ਼ਾਖਾ ਤੋਂ 16.76 ਲੱਖ ਰੁਪਏ, ਕਾਓਸੈੱਸ ਸ਼ਾਖਾ ਰਾਹੀਂ 8.81 ਲੱਖ ਰੁਪਏ, ਲਾਈਸੰਸ ਫੀਸ ਰਾਹੀਂ 3.36 ਲੱਖ ਆਮਦਨੀ ਨਗਰ ਨਿਗਮ ਮੋਗਾ ਨੂੰ ਪ੍ਰਾਪਤ ਹੋਈ ਹੈ।

ਕਮਿਸ਼ਨਰ ਨਗਰ ਨਿਗਮ ਪੂਨਮ ਸਿੰਘ ਦਾ ਕਹਿਣਾ ਹੈ ਕਿ ਸ਼ਹਿਰ ਵਾਸੀਆਂ ਨੂੰ ਵਧੀਆ ਨਿਗਮ ਸਹੂਲਤਾਂ ਮੁਹੱਈਆ ਕਰਵਾਉਣ ਲਈ ਨਗਰ ਨਿਗਮ ਦੀ ਆਮਦਨੀ ਵਧਾਉਣੀ ਬਹੁਤ ਹੀ ਜਰੂਰੀ ਹੈ ਜਿਸ ਲਈ ਉਨ੍ਹਾਂ ਵੱਲੋਂ ਸਮੂਹ ਸ਼ਾਖਾਵਾਂ ਨਾਲ ਮਿਲ ਕੇ ਜ਼ਮੀਨੀ ਪੱਧਰ ਦਾ ਕੰਮ ਕੀਤਾ ਜਾ ਰਿਹਾ ਹੈ। ਸ਼ਹਿਰ ਨੂੰ ਸੁੰਦਰਤਾ ਪੱਖੋਂ, ਹਰਿਆਲੀ ਪੱਖੋਂ ਅਤੇ ਆਮਦਨੀ ਪੱਖੋਂ ਨੰਬਰ ਇੱਕ ਤੇ ਲਿਆਂਦਾ ਜਾਵੇਗਾ।

Tech Spirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

# Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3’’, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal, Co-Host
Iqbal Mahal, Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਮੁਫਤ ਪਿਕਅਪ ਅਤੇ ਡਰਾਪ ਆਫ਼
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਰੋਬਰਟ ਪੋਸਟ ਸੀਨੀਅਰਜ ਕਲੱਬ ਦੀਆਂ ਔਰਤਾਂ ਨੇ ਮਨਾਇਆ ਤੀਆਂ ਦਾ ਤਿਉਹਾਰ





ਮਹਿੰਦਰ ਸਿੰਘ ਮੋਹੀ: ਪੰਜਾਬੀ, ਦੇਸੋਂ ਪ੍ਰਦੇਸੀ ਹੋ ਜਾਣ ਵੇਲੇ, ਅਪਣੀ ਬੋਲੀ,ਆਪਣਾ ਸਭਿਆਚਾਰ ਤੇ ਕਾਫੀ ਹੱਦ ਤਕ ਆਪਣਾ ਸੁਭਾਅ ਤੇ ਪਹਿਰਾਵਾ ਵੀ ਨਾਲ ਲੈਕੇ ਉਡਾਰੀ ਮਾਰਦੇ ਹਨ।ਮੌਕਾ ਮਿਲਦਿਆਂ ਹੀ ਨਵੀ ਅਣਜਾਣ ਧਰਤੀ ਨੂੰ ਪੰਜਾਬੀ ਵਿਰਸੇ ਦੇ ਖੂਬਸੂਰਤ ਰੰਗਾ ਨਾਲ ਨਿਖਾਰ ਦਿੰਦੇ ਹਨ।ਇਸੇ ਕਰਕੇ ਕਨੇਡਾ ਦੀ ਧਰਤੀ, ਖਾਸ ਕਰ ਗਰਮੀਆਂ ਦੀ ਰੁਤੇ, ਪੰਜਾਬੀ ਕਲਚਰ ਦੇ ਵਖ ਵਖ ਰੰਗਾ 'ਚ ਗੜੁੱਚ ਹੋਈ ਰਹਿੰਦੀ ਹੈ। ਇਸੇ ਭਾਵਨਾ ਨੂੰ ਅੱਗੇ ਰੱਖਦਿਆਂ ਰੋਬਰਟ ਪੋਸਟ ਸੀਨੀਅਰਜ ਕਲੱਬ ਦੀਆ ਮੈਬਰ ਲੇਡੀਜ ਨੇ, ਮੈਡਮ ਸੁਖਵੰਤ ਕੌਰ ਸਿਧੂ ਦੀ ਅਗਵਾਈ ਵਿੱਚ, ਸਾਵਣ ਦੀਆਂ ਤੀਆਂ ਦੇ ਤਿਉਹਾਰ ਨੂੰ ਕਲੱਬ ਦੀ ਪਾਰਕ ਵਿੱਚ ਵਡੇ ਪੱਧਰ ਤੇ ਮਨਾਇਆ, ਜਿਸ ਵਿੱਚ ਸੈਕੜਿਆਂ ਦੀ ਗਿਣਤੀ ਵਿੱਚ ਔਰਤਾਂ ਤੇ ਬੱਚੀਆਂ ਨੇ ਹਿੱਸਾ ਲਿਆ।ਵੱਡੇ ਪਾਰਕ ਵਿੱਚ ਚਾਰੇ ਪਾਸੇ ਛਾਈ ਹੋਈ ਹਰਿਆਲੀ,ਮਸਤੀ 'ਚ ਝੂਮਦੇ ਰੁੱਖ, ਕਦੇ ਥੋੜੀ ਜਿਹੀ ਹੁਮਸ ਤੇ ਕਦੇ ਅਸਮਾਨ ਤੇ ਛਾਏ ਬਦਲਾਂ ਤੋਂ ਚਲਦੇ ਫੁਆਰੇ ਵਰਗੀ ਕਿਣ ਮਿਣ ਨਾਲ ਬਣਿਆ ਸੁਹਾਵਣਾ ਮੌਸਮ, ਤੇ ਪਾਰਕ ਦੇ ਝੂਲਿਆਂ ਤੇ ਝੂਟਦੇ ਤੇ ਕਿਲਕਾਰੀਆਂ ਮਾਰਦੇ ਬੱਚੇ ਇਕ ਦਿਲਕਸ਼ ਨਜਾਰਾ ਪੇਸ਼ ਕਰ ਰਹੇ ਸਨ। ਸਜ ਧਜ ਕੇ ਪਾਰਕ ਵਿੱਚ ਪਹੁੰਚ ਚੁੱਕੀਆਂ ਲੇਡੀਜ ਨੇ ਪਿੜ ਬੰਨ ਕੇ ਉੱਚੀ ਹੇਕ ਨਾਲ ਬੋਲੀਆਂ ਦਾ ਮੀਂਹ ਵਰਾ ਦਿੱਤਾ। ਪਲਾਂ ਵਿੱਚ ਹਰ ਕੋਈ ਲੇਡੀਜ ਵਲੋਂ ਜੋਸ਼ ਤੇ ਚਾਅ ਨਾਲ ਪਾਏ ਜਾ ਰਹੇ ਗਿਧੇ ਦੀ ਧਮਕ ਮਹਿਸੂਸ ਕਰਦਿਆ,ਪਹਿਲੇ ਸਮਿਆਂ ਵਿੱਚ ਪੰਜਾਬ 'ਚ ਪਿਪਲਾਂ ,ਬੋਹੜਾਂ ਥੱਲੇ ਵੇਖੇ ਤੇ ਪਾਏ ਗਿੱਧੇ ਤੇ ਝੂਟੀਆਂ ਪੀਂਘਾ ਦੇ ਸੁਪਨਿਆਂ ਵਿੱਚ ਗਵਾਚ ਗਿਆ। ਕੁਝ ਹੀ ਸਮੇ ਵਿੱਚ ਵੱਡੀ ਗਿਣਤੀ ਵਿੱਚ ਨਿਆਈਆਂ ਤੇ ਸਿਆਣੀਆ ਔਰਤਾਂ ਤੇ ਖਾਸ ਕਰ ਇਥੋਂ ਦੀਆਂ ਜੰਮਪਲ ਬੱਚੀਆਂ, ਸਭ ਇਸ ਪੁਰਾਤਨ ਪੰਜਾਬੀ ਸਭਿਆਚਾਰ ਦਾ ਹਿੱਸਾ ਬਣ ਗਈਆਂ।

ਰੋਬਰਟ ਪੋਸਟ ਸੀਨੀਅਰ ਕਲੱਬ ਨੇ ਤੀਆਂ ਦੇ ਸਮਾਗਮ ਸ਼ੁਰੂ ਹੋਣ ਤੋਂ ਪਹਿਲਾਂ ਸੀਨੀਅਰਜ ਵਿੱਚ ਦੰਦਾ ਦੀ ਦਿਨੋਂ ਦਿਨ ਵਧ ਰਹੀ ਸਮੱਸਿਆ ਬਾਰੇ ਲੋੜੀਂਦੀ ਜਾਣਕਾਰੀ ਦੇਣ ਤੇ ਉਹਨਾ ਦੀ ਸੇਵਾ ਸੰਭਾਲ ਦੇ ਵਿਸ਼ੇ ਤੇ ਮੈਡਮ ਬਲਬੀਰ ਸੋਹੀ ਦੇ ਲੈਕਚਰ ਦਾ ਪ੍ਰਬੰਧ ਵੀ ਕੀਤਾ ਹੋਇਆ ਸੀ।ਉਹਨਾ ਨੇ ਵਿਸਥਾਰ ਨਾਲ ਤੇ ਦਿਲਚਸਪ ਢੰਗ ਨਾਲ ਦੰਦਾ ਦੇ ਰੋਗ ਬਾਰੇ ਤੇ ਦੰਦਾ ਨੂੰ ਠੀਕ ਢੰਗ ਨਾਲ ਸਾਫ ਰਖਣ ਬਾਰੇ ਜਾਣਕਾਰੀ ਦਿੱਤੀ ਤੇ ਸੀਨੀਅਰਜ ਦੇ ਪ੍ਰਸ਼ਨਾ ਦੇ ਉਤਰ ਦੇ ਕੇ ਉਹਨਾਂ ਦੇ ਸ਼ੰਕਿਆਂ ਨੂੰ ਨਵਿਰਤ ਕੀਤਾ।ਹਰ ਇੱਕ ਨੂੰ ਦੰਦਾ ਬਾਰੇ ਪ੍ਰਾਪਤ ਹੋਈ ਨਵੀ ਜਾਣਕਾਰੀ ਨੇ ਪ੍ਰਭਾਵਿਤ ਕੀਤਾ ਤੇ ਉਹਨਾਂ ਨੇ ਮੈਡਮ ਬਲਬੀਰ ਸੋਹੀ ਦਾ ਧੰਨਵਾਦ ਕੀਤਾ।ਇਸ ਪਿਛੋਂ ਕਲੱਬ ਵੱਲੋ ਖਾਣ ਪੀਣ ਦੇ ਕੀਤੇ ਗਏ ਪ੍ਰਬੰਧ ਦਾ ਲਾਹਾ ਲੈ ਕੇ ਸਭ ਨੇ ਇਸ ਦਾ ਅਨੰਦ ਮਾਣਿਆ ਤੇ ਹਰ ਇਕ ਨੇ ਇੰਨੇ ਵੱਡੇ ਇਕੱਠ ਹੋਣ ਤੇ, ਸਾਰੇ ਸਮਾਗਮ ਨੂੰ ਸਫਲਤਾਪੂਰਵਕ ਸੰਪੂਰਨ ਹੋਣ ਤੇ ਪ੍ਰਬੰਧਕਾਂ ਨੂੰ ਵਧਾਈ ਦਿੱਤੀ ।ਤੀਆ ਦੇ ਤਿਉਹਾਰ ਨੂੰ ਮਨਾਉਣ ਤੇ ਦੰਦਾ ਦੀ ਸੇਵਾ ਸੰਭਾਲ ਬਾਰੇ ਸੁਚੇਤ ਕਰਨ ਲਈ ਲੈਕਚਰ ਕਰਵਾਉਣ ਵਿੱਚ ਸਾਰੇ ਕਲੱਬ ਮੈਂਬਰਾਂ ਤੇ ਵਲੰਟੀਅਰਜ ਤੋਂ ਇਲਾਵਾ ਬਲਵਿੰਦਰ ਸਿੰਘ ਸਿੱਧੂ,(ਪ੍ਰਧਾਨ)ਸਤਨਾਮ ਸਿੰਘ ਬਰਾੜ (ਕੈਸ਼ੀਅਰ), ਮਹਿੰਦਰ ਸਿੰਘ ਮੋਹੀ (ਉਪ ਪ੍ਰਧਾਨ), ਪ੍ਰੀਤਮ ਸਿੰਘ ਸਰਾਂ (ਚੀਫ ਐਡਵਾਈਜ਼ਰ), ਅਵਤਾਰ ਸਿੰਘ ਢਿੱਲੋ (ਡਰੈਕਟਰ),ਰਜਿੰਦਰ ਸਿੰਘ ਗਿੱਲ (ਡਰੈਕਟਰ)ਸੁਖਵੰਤ ਕੌਰ ਸਿੱਧੂ (ਡਰੈਕਟਰ )ਤੇ ਸੁਰਜੀਤ ਕੌਰ ਸਿੱਧੂ (ਡਰੈਕਟਰ)ਦਾ ਮੁੱਖ ਯੋਗਦਾਨ ਰਿਹਾ।

## ਸਪੀਕਰ ਸੰਧਵਾਂ ਨੇ ਗੋਲਡ ਮੈਡਲ ਪ੍ਰਾਪਤ ਕਰਨ ਵਾਲੀਆਂ ਬੱਚੀਆਂ ਦਾ 31-31 ਹਜ਼ਾਰ ਰੁਪਏ ਨਾਲ ਸਨਮਾਨ ਕਰਨ ਦਾ ਕੀਤਾ ਐਲਾਨ



ਫਰੀਦਕੋਟ, 8 ਅਗਸਤ (ਗਿਆਨ ਸਿੰਘ): ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਦੀਆਂ ਵਿਦਿਆਰਥਣਾਂ ਦੋ ਸਕੀਆਂ ਭੈਣਾਂ ਏਕਮ ਕੌਰ ਅਤੇ ਮਨਸੁ ਕੌਰ ਵੱਲੋਂ ਗੁਹਾਟੀ ਵਿਖੇ ਰਾਸ਼ਟਰੀ ਪੱਧਰ ਖੇਡਾਂ ਦੌਰਾਨ ਗੱਤਕਾ ਮੁਕਾਬਲਿਆਂ ਚ ਗੋਲਡ ਮੈਡਲ ਹਾਸਲ ਕਰਨ ਵਾਲੀਆਂ ਬੱਚੀਆਂ ਦਾ 31-31 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨ ਕੀਤਾ ਜਾਵੇਗਾ। ਇਹ ਜਾਣਕਾਰੀ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਬੱਚੀਆਂ,ਮਾਪਿਆਂ ਅਤੇ ਸਕੂਲ ਪ੍ਰਬੰਧਕਾਂ ਨੂੰ ਦਿਲੋਂ ਮੁਬਾਰਕਬਾਦ ਦੇਣ ਮੌਕੇ ਦਿੱਤੀ।

ਸਪੀਕਰ ਸੰਧਵਾਂ ਨੇ ਕਿਹਾ ਕਿ ਸਾਡੇ ਲਈ ਬਹੁਤ ਗੌਰਵ ਵਾਲੀ ਗੱਲ ਹੈ ਕਿ ਪੰਜਾਬ ਦੀਆਂ ਹੋਣਹਾਰ ਧੀਆਂ ਖੇਡਾਂ ਦੀ ਦੁਨੀਆਂ ਵਿੱਚ ਪੰਜਾਬ ਦਾ ਨਾਮ ਖੱਟ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਿੱਥੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਖੇਡਾਂ ਨੂੰ ਉਤਸ਼ਾਹਿਤ ਕਰ ਰਹੀ ਹੈ, ਉੱਥੇ ਹੀ ਪੰਜਾਬ ਦੇ ਨੌਜਵਾਨਾਂ, ਵਿਦਿਆਰਥੀਆਂ ਵੱਲੋਂ ਖੇਡਾਂ ਵਿੱਚ ਉੱਚਿਤ ਸਥਾਨ ਹਾਸਲ ਕਰਕੇ ਪੰਜਾਬ ਦਾ ਨਾਮ ਰੋਸ਼ਨ ਕੀਤਾ ਜਾ ਰਿਹਾ ਹੈ।

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
(2021, 2018, 2015, 2014, 2013, 2012, 2011, 2010) (2020-2018) (2018-2009) (REMAX International) (2014) (2010)
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD
SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।
CAMBRIDGE (Speedsville/Equestrian Way)
ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।
BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।
BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।
FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results
RE/MAX REALTY SPECIALISTS INC. REALTOR MLS MULTIPLE LISTING SERVICE
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd / Mcvean Dr / Gore Rd / DENTISTRY / Squire Ellis Dr / Countryside Dr

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com







FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017